ADSS Cymru
Yn arwain Gwasanaethau Cymdeithasol yng Nghymru
Leading Social Services in Wales

**ਸਮਾਜ ਸੇਵਾ ਡਾਇਰੈਕਟਰਾਂ ਵੱਲੋਂ ਬਿਆਨ - ਸਾਡੇ ਵੱਲੋਂ ਪ੍ਰਦਾਨ ਕੀਤੀ ਜਾਣ ਵਾਲੀ ਸਮਾਜਕ ਦੇਖਭਾਲ ਅਤੇ ਸਹਾਇਤਾ ਦੇ ਤਰੀਕੇ ਵਿੱਚ ਸੁਧਾਰ ਕਰਨਾ**

ਸਾਡਾ ਟੀਚਾ ਹਰ ਉਸ ਵਿਅਕਤੀ ਨੂੰ ਉੱਚ ਗੁਣਵੱਤਾ ਵਾਲੀਆਂ ਸਮਾਜਿਕ ਦੇਖਭਾਲ ਸੇਵਾਵਾਂ ਅਤੇ ਸਹਾਇਤਾ ਪ੍ਰਦਾਨ ਕਰਨਾ ਹੈ ਜਿਸ ਨੂੰ ਉਨ੍ਹਾਂ ਦੀ ਲੋੜ ਹੈ, ਅਤੇ ਅਸੀਂ ਜਾਣਦੇ ਹਾਂ ਕਿ ਬਹੁਤ ਸਾਰੇ ਲੋਕਾਂ ਨੂੰ, ਉਨ੍ਹਾਂ ਦੇ ਜੀਵਨ ਵਿੱਚ ਕਿਸੇ ਵੀ ਸਮੇਂ, ਵਾਧੂ ਮਦਦ ਅਤੇ ਸਹਾਇਤਾ ਦੀ ਲੋੜ ਪੈ ਸਕਦੀ ਹੈ।

ਸਾਡੇ ਸ਼ਮੂਲੀਅਤ ਮਾਪਦੰਡ ਰਾਹੀਂ ਸਾਨੂੰ ਇਹ ਜਾਣਕਾਰੀ ਮਿਲੀ ਹੈ ਕਿ ਵੱਖ-ਵੱਖ ਭਾਈਚਾਰਿਆਂ ਦੇ ਬਹੁਤ ਸਾਰੇ ਲੋਕਾਂ ਨੂੰ ਜਾਂ ਤਾਂ ਇਹ ਨਹੀਂ ਪਤਾ ਕਿ ਕਿਸ ਤਰ੍ਹਾਂ ਦੀ ਦੇਖਭਾਲ ਅਤੇ ਸਹਾਇਤਾ ਉਪਲਬਧ ਹੈ ਜਾਂ ਮਦਦ ਮੰਗਣ ਲਈ ਕਿਸ ਨਾਲ ਸੰਪਰਕ ਕਰਨਾ ਹੈ। ਅਸੀਂ ਇਹ ਵੀ ਸਮਝਦੇ ਹਾਂ ਕਿ ਸਾਡੀ ਪ੍ਰਤੀਕ੍ਰਿਆ ਹਮੇਸ਼ਾ ਕਿਸੇ ਖ਼ਾਸ ਵਿਅਕਤੀ ਦੇ ਨਿੱਜੀ ਹਾਲਾਤਾਂ ਜਾਂ ਵੱਖ-ਵੱਖ ਸਭਿਆਚਾਰਾਂ ਅਤੇ ਮਾਨਤਾਵਾਂ ਪ੍ਰਤੀ ਸੰਵੇਦਨਸ਼ੀਲ ਨਹੀਂ ਰਹੀ।

ਸਮਾਜਿਕ ਸੇਵਾਵਾਂ ਵਿੱਚ ਲਗਾਤਾਰ ਸੁਧਾਰ ਕਰਨ ਦੀ ਵਚਨਬੱਧਤਾ ਨੂੰ ਧਿਆਨ ਵਿੱਚ ਰੱਖਦੇ ਹੋਏ, ਅਸੀਂ ਉਨ੍ਹਾਂ ਚੁਨੌਤੀਆਂ ਅਤੇ ਰੁਕਾਵਟਾਂ ਦੀ ਵਿਸਤਾਰ ਵਿੱਚ ਜਾਂਚ ਕੀਤੀ ਹੈ ਜਿਨ੍ਹਾਂ ਦਾ ਸਾਹਮਣਾ ਘੱਟ-ਗਿਣਤੀ ਨਸਲੀ ਭਾਈਚਾਰਿਆਂ ਦੇ ਲੋਕਾਂ ਨੂੰ ਸੇਵਾਵਾਂ ਤੱਕ ਪਹੁੰਚ ਕਰਨ ਦੀ ਕੋਸ਼ਿਸ਼ ਕਰਦੇ ਸਮੇਂ ਕਰਨਾ ਪਿਆ। ਅਸੀਂ ਦੇਸ਼ ਭਰ ਤੋਂ ਪ੍ਰਾਪਤ ਹੋਈ ਖੋਜੀ ਜਾਣਕਾਰੀ 'ਤੇ ਵਿਚਾਰ ਕੀਤਾ ਹੈ, ਭਾਈਚਾਰਿਆਂ ਦੇ ਲੋਕਾਂ ਅਤੇ ਘੱਟ ਗਿਣਤੀ ਨਸਲੀ ਸਮੂਹ ਦੇ ਲੋਕਾਂ ਨਾਲ ਕੰਮ ਕਰਨ ਵਾਲੀਆਂ ਸੰਸਥਾਵਾਂ ਨਾਲ ਗੱਲ ਕੀਤੀ ਹੈ। ਉਨ੍ਹਾਂ ਤੋਂ ਸਾਨੂੰ ਸਿੱਖਿਆ ਮਿਲੀ ਹੈ ਕਿ ਅਸੀਂ ਉਪਲਬਧ ਦੇਖਭਾਲ ਅਤੇ ਸਹਾਇਤਾ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਮਦਦ ਮੰਗਣ ਵਾਲੇ ਹਰ ਵਿਅਕਤੀ ਦੇ ਅਨੁਭਵਾਂ ਨੂੰ ਬਿਹਤਰ ਬਣਾਉਣ ਲਈ ਹੋਰ ਵੀ ਬਹੁਤ ਕੁਝ ਕਰ ਸਕਦੇ ਹਾਂ।

ਅਸੀਂ ਇਸ ਸਿੱਖਿਆ ਨੂੰ ਅਮਲ ਵਿੱਚ ਲਿਆਉਣ ਲਈ ਵਚਨਬੱਧ ਹੋਵਾਂਗੇ। ਇਸ ਦਾ ਮਤਲਬ ਹੈ - ਲੋਕਾਂ ਨਾਲ ਗੱਲ-ਬਾਤ ਕਰਨ ਦੇ ਬਿਹਤਰ ਤਰੀਕਿਆਂ ਦੀ ਪਛਾਣ ਕਰਨਾ, ਹਮੇਸ਼ਾ ਸਿੱਧੇ ਤੌਰ 'ਤੇ ਨਹੀਂ, ਸਗੋਂ ਉਨ੍ਹਾਂ ਵਿਅਕਤੀਆਂ ਅਤੇ ਸੰਸਥਾਵਾਂ ਦੇ ਨਾਲ ਅਤੇ ਉਨ੍ਹਾਂ ਰਾਹੀਂ ਜੋ ਵੱਖ-ਵੱਖ ਭਾਈਚਾਰਿਆਂ ਦੇ ਲੋਕਾਂ ਦੇ ਨਾਲ ਕੰਮ ਕਰਦੇ ਹਨ। ਇਸ ਦਾ ਮਤਲਬ ਇਸ ਗੱਲ ਨੂੰ ਯਕੀਨੀ ਬਣਾਉਣਾ ਵੀ ਹੈ ਕਿ ਸਾਡੇ ਕਰਮਚਾਰੀਆਂ ਨੂੰ ਵੱਖ-ਵੱਖ ਸਭਿਆਚਾਰਾਂ ਅਤੇ ਤਜਰਬਿਆਂ ਦੀ ਵਧੇਰੇ ਸਮਝ ਹੋਵੇ, ਅਤੇ ਇਹ ਕਿ ਦੇਖਭਾਲ ਅਤੇ ਸਹਾਇਤਾ ਇਸ ਨੂੰ ਦਰਸਾਵੇ ਵੀ। ਅਸੀਂ ਇਹ ਵੀ ਜਾਣਦੇ ਹਾਂ ਕਿ ਸਾਨੂੰ ਵੱਖ-ਵੱਖ ਭਾਈਚਾਰਿਆਂ ਦੇ ਲੋਕਾਂ ਤੱਕ ਪਹੁੰਚਣ ਅਤੇ ਉਨ੍ਹਾਂ ਦਾ ਭਰੋਸਾ ਅਤੇ ਵਿਸ਼ਵਾਸ ਹਾਸਲ ਕਰਨ ਲਈ ਹੋਰ ਬਹੁਤ ਕੁਝ ਕਰਨ ਦੀ ਲੋੜ ਹੈ।

ਲੋਕ ਚਾਹੁੰਦੇ ਹਨ ਕਿ ਉਨ੍ਹਾਂ ਨੂੰ ਮਿਲਣ ਵਾਲੀ ਦੇਖਭਾਲ ਅਤੇ ਸਹਾਇਤਾ ਬਾਬਤ ਉਨ੍ਹਾਂ ਕੋਲ ਚੋਣ ਕਰਨ ਦਾ ਵਿਕਲਪ ਹੋਵੇ ਅਤੇ ਉਸ ਉੱਤੇ ਉਨ੍ਹਾਂ ਦਾ ਨਿਯੰਤਰਨ ਹੋਵੇ, ਅਤੇ ਉਹ ਜਿੰਨਾ ਹੋ ਸਕੇ ਆਸਾਨੀ ਨਾਲ ਸੇਵਾਵਾਂ ਤੱਕ ਪਹੁੰਚ ਕਰ ਸਕਣ। ਸਾਡੇ ਲਈ, ਸਾਡੇ ਵਿੱਚੋਂ ਜੋ ਲੋਕ ਸੇਵਾਵਾਂ ਪ੍ਰਦਾਨ ਕਰਦੇ ਹਨ, ਉਨ੍ਹਾਂ ਅਤੇ ਸਹਾਇਤਾ ਦੇ ਲੋੜਵੰਦ ਵਿਅਕਤੀਆਂ ਦਰਮਿਆਨ ਸਬੰਧ, ਉਨ੍ਹਾਂ ਦੇ ਰੁਜ਼ਗਾਰ ਅਤੇ ਪਰਿਵਾਰ ਸਭ ਤੋਂ ਮਹੱਤਵਪੂਰਨ ਹੁੰਦੇ ਹਨ। ਅਸੀਂ ਹੋਰ ਸੁਧਾਰ ਕਰਨ ਲਈ ਵਚਨਬੱਧ ਹਾਂ ਅਤੇ ਤੁਹਾਡੇ ਨਾਲ ਅਤੇ ਭਾਈਚਾਰਕ ਸੰਸਥਾਵਾਂ ਨਾਲ ਕੰਮ ਕਰਨਾ ਚਾਹੁੰਦੇ ਹਾਂ ਤਾਂ ਜੋ ਅਸੀਂ ਇਹ ਸਮਝਦੇ ਹੋਏ ਜਲਦੀ ਤੋਂ ਜਲਦੀ ਜਵਾਬ ਦੇ ਸਕੀਏ ਕਿ ਆਖ਼ਰ ਸਭ ਤੋਂ ਵੱਧ ਲੋੜ ਕਿਸ ਚੀਜ਼ ਦੀ ਹੈ।

ਸਾਡੇ ਵੱਲੋਂ ਪ੍ਰਕਾਸ਼ਿਤ ਕੀਤੀ ਗਈ ਰਿਪੋਰਟ ਉਸ ਕਾਰਵਾਈ ਦੀ ਬੁਨਿਆਦ ਹੈ ਜੋ ਘੱਟ-ਗਿਣਤੀ ਨਸਲੀ ਭਾਈਚਾਰਿਆਂ ਦੇ ਲੋਕਾਂ ਨੂੰ ਸਮਾਜਿਕ ਦੇਖਭਾਲ ਅਤੇ ਸਹਾਇਤਾ ਪ੍ਰਦਾਨ ਕਰਨ ਦੇ ਤਰੀਕੇ ਨੂੰ ਬਿਹਤਰ ਬਣਾਉਣ ਲਈ ਸਾਰੀਆਂ ਸਥਾਨਕ ਅਥਾਰਟੀਆਂ ਵੱਲੋਂ ਕੀਤੀ ਜਾਵੇਗੀ।